15ਵੀ ਵਿਧਾਨ ਸਭਾ
ਦਸਵਾਂ (ਵਿਸ਼ੇਸ਼)ਸਮਾਗਮ

ਪੰਜਾਬ ਵਿਧਾਨ ਸਭਾ

ਬੁਲੇਟਿਨ ਨੰ. 1

ਸ਼ੁੱਕਰਵਾਰ, 17 ਜਨਵਰੀ, 2020
(10.00 ਵਜੇ ਸਵੇਰ ਤੋਂ 03.25 ਵਜੇ ਬਾਅਦ ਦੁਪਹਿਰ ਤੱਕ)

1. **ਅਕਾਲ ਚਲਾਣਿਆਂ ਦਾ ਵਰਣਨ**

ਮਾਨਯੋਗ ਸਪੀਕਰ ਵੱਲੋਂ ਨਿਮਨਲਿਖਤ ਦੇ ਅਕਾਲ ਚਲਾਣਿਆਂ ਦਾ ਵਰਣਨ ਕੀਤਾ ਗਿਆ :-

1. ਸਰਦਾਰ ਜਸਬੀਰ ਸਿੰਘ, ਸਾਬਕਾ ਮੰਤਰੀ;
2. ਸਰਦਾਰ ਸੁਖਦੇਵ ਸਿੰਘ ਸ਼ਹਿਬਾਜ਼ਪੁਰੀ, ਸਾਬਕਾ ਮੰਤਰੀ;
3. ਕਾਮਰੇਡ ਬੂਟਾ ਸਿੰਘ, ਸਾਬਕਾ ਐਮ.ਐਲ.ਏ;
4. ਸ਼੍ਰੀਮਤੀ ਦਲਜੀਤ ਕੌਰ, ਸਾਬਕਾ ਐਮ.ਐਲ.ਏ;
5. ਸ੍ਰੀ ਰਾਜ ਕੁਮਾਰ, ਸੁਤੰਤਰਤਾ ਸੰਗਰਾਮੀ;
6. ਸ੍ਰੀ ਜੀਵਨ ਸਿੰਘ, ਸੁਤੰਤਰਤਾ ਸੰਗਰਾਮੀ;
7. ਸ੍ਰੀ ਮਹਿੰਦਰ ਸਿੰਘ ਸਲੂਜਾ, ਸੁਤੰਤਰਤਾ ਸੰਗਰਾਮੀ;
8. ਬ੍ਰਿਗੇਡੀਅਰ ਮਨਜੀਤ ਸਿੰਘ;
9. ਸ੍ਰੀ ਮੁਹੰਮਦ ਸ਼ਰੀਫ਼ ਈਦੂ, ਮਸ਼ਹੂਰ ਗਾਇਕ; ਅਤੇ
10. ਸ੍ਰੀ ਸ਼ੰਗਾਰਾ ਸਿੰਘ ਭੁੱਲਰ, ਸੰਪਾਦਕ

ਮਾਨਯੋਗ ਸਪੀਕਰ ਵੱਲੋਂ ਉਪਰੋਕਤ ਵਰਣਿਤ ਮਹਾਨ ਸ਼ਖਸੀਅਤਾਂ ਨੂੰ ਸ਼ਰਧਾਂਜਲੀਆਂ ਭੇਂਟ ਕੀਤੀਆਂ ਗਈਆਂ। ਇਨ੍ਹਾਂ ਤੋਂ ਇਲਾਵਾ ਮਾਨਯੋਗ ਸਪੀਕਰ ਦੁਆਰਾ ਸ੍ਰੀ ਅਵਿਨਾਸ਼ ਰਾਏ ਖੰਨਾ, ਸਾਬਕਾ ਮੈਂਬਰ ਅਤੇ ਸਾਬਕਾ ਮੈਂਬਰ ਪਾਰਲੀਮੈਂਟ ਦੇ ਮਾਤਾ ਜੀ ਸ਼੍ਰੀਮਤੀ ਰਾਜ ਰਾਣੀ ਖੰਨਾ ਅਤੇ ਸਰਦਾਰ ਨਾਜ਼ਰ ਸਿੰਘ ਮਾਨਸ਼ਾਹੀਆ, ਮੈਂਬਰ ਦੇ ਮਾਤਾ ਜੀ ਸ਼੍ਰੀਮਤੀ ਸੁਰਜੀਤ ਕੌਰ ਜੀ ਨੂੰ ਵੀ ਸ਼ਰਧਾਂਜਲੀ ਭੇਂਟ ਕੀਤੀ ਗਈ। ਇਸ ਤੋਂ ਇਲਾਵਾ ਸ੍ਰੀ ਬ੍ਰਹਮ ਮਹਿੰਦਰ, ਸੰਸਦੀ ਮਾਮਲੇ ਮੰਤਰੀ ਵਲੋਂ ਨਾਨਕੀ ਹੰਸ, ਚੀਫ਼ ਨਿਊਜ਼ ਐਡੀਟਰ ਦੇ ਪਿਤਾ ਪ੍ਰੋਫੈਸਰ ਸੁਰਜੀਤ ਹੰਸ, ਉਘੇ ਪੰਜਾਬੀ ਲੇਖਕ ਅਤੇ ਸ੍ਰੀ ਰਣਦੀਪ ਸਿੰਘ, ਮੈਂਬਰ ਵਲੋਂ ਬਾਬਾ ਕ੍ਰਿਸ਼ਨ ਸਿੰਘ, ਸੁਤੰਤਰਤਾ ਸੰਗਰਾਮੀ ਦੇ ਬੇਟੇ ਸ੍ਰੀ ਹਰਜੋਤ ਸਿੰਘ ਦੇ ਨਾਂ ਅੱਜ ਦੇ ਸ਼ੋਕ ਪ੍ਰਸਤਾਵਾਂ ਵਾਲੀ ਸੂਚੀ ਵਿੱਚ ਸ਼ਾਮਲ ਕਰਨ ਲਈ ਕਹੇ ਜਾਣ ਤੇ ਮਾਨਯੋਗ ਸਪੀਕਰ ਵੱਲੋਂ ਉਨ੍ਹਾਂ ਦੇ ਨਾਵਾਂ ਨੂੰ ਵੀ ਸ਼ਰਧਾਂਜਲੀਆਂ ਵਾਲੀ ਸੂਚੀ ਵਿੱਚ ਸ਼ਾਮਲ ਕਰ ਲਿਆ ਗਿਆ।

ਮਾਨਯੋਗ ਸਪੀਕਰ ਵੱਲੋਂ ਸਦਨ ਨੂੰ ਸੂਚਿਤ ਕੀਤਾ ਗਿਆ ਕਿ ਵਿਛੜੀਆਂ ਸ਼ਖਸੀਅਤਾਂ ਦੇ ਦੁਖੀ ਪਰਿਵਾਰਾਂ ਨੂੰ ਸ਼ੋਕ ਸੁਨੇਹੇ ਭੇਜ ਦਿੱਤੇ ਜਾਣਗੇ।

ਸਦਨ ਨੇ ਵਿਛੜੀਆਂ ਰੂਹਾਂ ਦੀ ਯਾਦ ਵਿੱਚ ਸਤਿਕਾਰ ਵਜੋਂ ਦੋ ਮਿੰਟ ਲਈ ਖੜ੍ਹੇ ਹੋ ਕੇ ਮੋਨ ਧਾਰਨ ਕੀਤਾ।

2. **ਸਦਨ ਨੂੰ ਥੋੜ੍ਹੇ ਸਮੇਂ ਲਈ ਸਥਗਿੱਤ ਕਰਨਾ**

ਮਾਨਯੋਗ ਸਪੀਕਰ ਵੱਲੋਂ ਸ਼ਰਧਾਂਜਲੀਆਂ ਭੇਂਟ ਕਰਨ ਉਪਰੰਤ ਸਤਿਕਾਰ ਵਜੋਂ ਸਦਨ 10.43 ਵਜੇ ਪੂਰਵ ਦੁਪਹਿਰ ਤੱਕ ਲਈ ਸਥਗਿੱਤ ਕੀਤਾ ਗਿਆ।

3. **ਮਾਨਯੋਗ ਸਪੀਕਰ ਦੁਆਰਾ ਐਲਾਨ**

(i) **ਸਭਾਪਤੀ ਨਾਮਾਵਲੀ ਸਬੰਧੀ**

ਮਾਨਯੋਗ ਸਪੀਕਰ ਨੇ ਪੰਜਾਬ ਵਿਧਾਨ ਸਭਾ ਦੀ ਕਾਰਜਵਿਧੀ ਅਤੇ ਕਾਰਜ ਸੰਚਾਲਣ ਨਿਯਮਾਵਲੀ ਦੇ ਨਿਯਮ 13 (1) ਅਧੀਨ ਨਿਮਨਲਿਖਤ ਮੈਂਬਰਾਂ ਨੂੰ ਸਭਾਪਤੀ ਨਾਮਾਵਲੀ ਲਈ ਨਾਮਜ਼ਦ ਕਰਨ ਸਬੰਧੀ ਐਲਾਨ ਕੀਤਾ:

1. ਸਰਦਾਰ ਪਰਗਟ ਸਿੰਘ ਪੋਆਰ
2. ਸਰਦਾਰ ਪਰਮਿੰਦਰ ਸਿੰਘ ਪਿੰਕੀ
3. ਸ੍ਰੀ ਅਮਨ ਅਰੋੜਾ
4. ਸਰਦਾਰ ਗੁਰਪ੍ਰਤਾਪ ਸਿੰਘ ਵਡਾਲਾ

(ii) **ਰਾਜਪਾਲ ਦੇ ਭਾਸ਼ਣ ਸਬੰਧੀ**

ਪੰਜਾਬ ਵਿਧਾਨ ਸਭਾ ਦੀ ਕਾਰਜਵਿਧੀ ਅਤੇ ਕਾਰਜ ਸੰਚਾਲਣ ਨਿਯਮਾਵਲੀ ਦੇ ਨਿਯਮ 18 ਦੀ ਪੈਰਵੀ ਵਿਚ ਮਾਨਯੋਗ ਸਪੀਕਰ ਵਲੋਂ ਦੱਸਿਆ ਗਿਆ ਕਿ ਰਾਜਪਾਲ ਨੇ ਸੰਵਿਧਾਨ ਦੇ ਅਨੁਛੇਦ 176 (1) ਅਧੀਨ 16 ਜਨਵਰੀ, 2020 ਨੂੰ 11.00 ਵਜੇ ਸਵੇਰੇ ਪੰਜਾਬ ਵਿਧਾਨ ਸਭਾ ਨੂੰ ਭਾਸ਼ਣ ਦੇਣ ਦੀ ਕ੍ਰਿਪਾਲਤਾ ਕੀਤੀ ਹੈ। ਮਾਨਯੋਗ ਸਪੀਕਰ ਵਲੋਂ ਭਾਸ਼ਣ ਦੀ ਇਕ ਕਾਪੀ ਸਦਨ ਦੀ ਮੇਜ਼ ਤੇ ਰੱਖੀ ਗਈ।

4. **ਸਕੱਤਰ ਦੁਆਰਾ ਐਲਾਨ**

ਸਕੱਤਰ ਵੱਲੋਂ 15ਵੀਂ ਵਿਧਾਨ ਸਭਾ ਦੁਆਰਾ ਇਸ ਦੇ ਵਿਸ਼ੇਸ਼ (ਨੌਂਵੇਂ) ਸਮਾਗਮ ਦੌਰਾਨ ਪਾਸ ਕੀਤੇ ਗਏ ਬਿਲਾਂ, ਜਿਨ੍ਹਾਂ ਤੇ ਰਾਜਪਾਲ ਜੀ ਨੇ ਆਪਣੀ ਸਹਿਮਤੀ ਦੇ ਦਿੱਤੀ ਹੈ, ਦਾ ਵੇਰਵਾ ਸਦਨ ਦੀ ਮੇਜ਼ ਤੇ ਰੱਖਿਆ ਗਿਆ।

5. **ਪੰਜਾਬ ਵਿਧਾਨ ਸਭਾ ਦੀ ਕਾਰਜ ਵਿਧੀ ਅਤੇ ਕਾਰਜ ਸੰਚਾਲਣ ਨਿਯਮਾਵਲੀ ਦੇ ਕੁੱਝ ਨਿਯਮਾਂ ਨੂੰ ਮੁਅੱਤਲ ਕਰਨ ਸਬੰਧੀ ਪ੍ਰਸਤਾਵ**

ਸੰਸਦੀ ਮਾਮਲੇ ਮੰਤਰੀ ਵੱਲੋਂ ਹੇਠ ਲਿਖਿਆ ਪ੍ਰਸਤਾਵ ਸਦਨ ਵਿਚ ਪੇਸ਼ ਕੀਤਾ ਗਿਆ ਅਤੇ ਪ੍ਰਵਾਨ ਹੋਇਆ:

> "ਇਹ ਸਦਨ ਸੰਕਲਪ ਕਰਦਾ ਹੈ ਕਿ ਪੰਜਾਬ ਵਿਧਾਨ ਸਭਾ ਦੇ ਚਾਲੂ ਸਮਾਗਮ ਜੋ ਕੁੱਝ ਜ਼ਰੂਰੀ ਅਤੇ ਮਹੱਤਵਪੂਰਨ ਸਰਕਾਰੀ ਕੰਮ-ਕਾਰ ਲਈ ਵਿਸ਼ੇਸ਼ ਸਮਾਗਮ ਹੈ, ਦੇ ਦੌਰਾਨ ਕੇਵਲ ਸਰਕਾਰੀ ਕੰਮਕਾਰ ਹੀ ਕੀਤਾ ਜਾਵੇ ਅਤੇ ਹੋਰ ਕੋਈ ਵੀ ਕੰਮ-ਕਾਰ ਜਿਸ ਵਿਚ ਪ੍ਰਸ਼ਨ, ਧਿਆਨ ਦਿਵਾਊ ਨੋਟਿਸ ਅਤੇ ਕਿਸੇ ਪ੍ਰਾਈਵੇਟ ਮੈਂਬਰ ਦੁਆਰਾ ਪੇਸ਼ ਕੀਤੇ ਜਾਣ ਵਾਲਾ ਕੋਈ ਹੋਰ ਕੰਮ-ਕਾਰ ਵੀ ਸ਼ਾਮਲ ਹੈ, ਇਸ ਸਮਾਗਮ ਦੇ ਦੌਰਾਨ ਸਦਨ ਦੇ ਸਾਹਮਣੇ ਨਾ ਲਿਆਂਦਾ ਜਾਵੇ ਜਾਂ ਸਦਨ ਵਿਚ ਨਾ ਕੀਤਾ ਜਾਵੇ ਅਤੇ ਪੰਜਾਬ ਵਿਧਾਨ ਸਭਾ ਦੀ ਕਾਰਜ ਵਿਧੀ ਅਤੇ ਕਾਰਜ ਸੰਚਾਲਣ ਨਿਯਮਾਵਲੀ ਵਿਚ ਇਸ ਵਿਸ਼ੇ ਨਾਲ ਸਬੰਧਤ ਨਿਯਮ ਉਸ ਹੱਦ ਤੱਕ ਮੁਅੱਤਲ ਕੀਤੇ ਗਏ ਸਮਝੇ ਜਾਣ।"

6. **ਵਾਕ ਆਊਟ**

1. ਸ਼੍ਰੋਮਣੀ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ ਦੇ ਸਦਨ ਵਿੱਚ ਹਾਜ਼ਰ ਮੈਂਬਰ ਪੰਜਾਬ ਵਿਧਾਨ ਸਭਾ ਦੀ ਕਾਰਜ ਵਿਧੀ ਅਤੇ ਕਾਰਜ ਸੰਚਾਲਣ ਨਿਯਮਾਵਲੀ ਦੇ ਕੁੱਝ ਨਿਯਮਾਂ ਨੂੰ ਮੁਅੱਤਲ ਕਰਨ ਦੇ ਰੋਸ ਵਜੋਂ ਮੂੰਹ ਤੇ ਕਾਲੀਆਂ ਪੱਟੀਆਂ ਬੰਨ ਕੇ ਸਦਨ ਵਿਚੋਂ ਵਾਕ ਆਊਟ ਕਰ ਗਏ।

2. ਆਮ ਆਦਮੀ ਪਾਰਟੀ ਦੇ ਸਦਨ ਵਿੱਚ ਹਾਜ਼ਰ ਮੈਂਬਰ ਸਰਦਾਰ ਨਾਜ਼ਰ ਸਿੰਘ ਮਾਨਸ਼ਾਹੀਆ, ਸ੍ਰੀ ਕੰਵਰ ਸੰਧੂ, ਸਰਦਾਰ ਜਗਦੇਵ ਸਿੰਘ ਨੂੰ ਛੱਡ ਕੇ ਪੰਜਾਬ ਵਿਧਾਨ ਸਭਾ ਦੀ ਕਾਰਜ ਵਿਧੀ ਅਤੇ ਕਾਰਜ ਸੰਚਾਲਣ ਨਿਯਮਾਵਲੀ ਦੇ ਕੁੱਝ ਨਿਯਮਾਂ ਨੂੰ ਮੁਅੱਤਲ ਕਰਨ ਦੇ ਰੋਸ ਵਜੋਂ ਨਾਅਰੇ ਮਾਰਦੇ ਹੋਏ ਸਦਨ ਵਿਚੋਂ ਵਾਕ ਆਊਟ ਕਰ ਗਏ।

7. **ਨਿਯਮ 16 ਅਧੀਨ ਪ੍ਰਸਤਾਵ**

ਸੰਸਦੀ ਮਾਮਲੇ ਮੰਤਰੀ ਦੁਆਰਾ ਪੇਸ਼ ਕੀਤਾ ਗਿਆ ਨਿਮਨਲਿਖਤ ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ:

> "ਕਿ ਵਿਧਾਨ ਸਭਾ ਅੱਜ ਇਸ ਦੇ ਉੱਠ ਜਾਣ ਤੇ ਅਣਮਿੱਥੇ ਸਮੇਂ ਲਈ ਸਥੱਗਿਤ ਹੋ ਜਾਵੇਗੀ।"

8. **ਮੇਜ਼ ਤੇ ਰੱਖੇ ਜਾਣ ਵਾਲੇ ਕਾਗਜ਼-ਪੱਤਰ**

ਸੰਸਦੀ ਮਾਮਲੇ ਮੰਤਰੀ ਨੇ ਅੱਜ ਦੀ ਕਾਰਜ-ਸੂਚੀ ਦੇ ਲੜੀ ਨੰ: V ਅਧੀਨ ਦਰਸਾਏ ਗਏ ਲੜੀ ਨੰ: 1 ਤੋਂ 8 ਤੱਕ ਵਰਣਿਤ ਕਾਗਜ਼-ਪੱਤਰ ਸਦਨ ਦੀ ਮੇਜ਼ ਤੇ ਰੱਖੇ।

9. **ਰਿਪੋਰਟਾਂ ਪੇਸ਼ ਕਰਨਾ**

1) ਵਿਸ਼ੇਸ਼ ਅਧਿਕਾਰ ਕਮੇਟੀ ਦੇ ਸਭਾਪਤੀ (ਸਰਦਾਰ ਕੁਸ਼ਲਦੀਪ ਸਿੰਘ ਢਿੱਲੋਂ) ਨੇ ਸਰਦਾਰ ਕੁਲਬੀਰ ਸਿੰਘ ਜ਼ੀਰਾ, ਐਮ.ਐਲ.ਏ ਦੁਆਰਾ ਸਰਦਾਰ ਪਰਮਿੰਦਰ ਸਿੰਘ ਬਰਿਆਣਾ, ਪੰਜਾਬੀ ਮਾਸਟਰ, ਜੀ.ਐਚ.ਐਸ, ਨੰਗਲ ਈਸ਼ਰ, ਹੁਸ਼ਿਆਰਪੁਰ ਵਿਰੁੱਧ ਉਠਾਏ ਗਏ ਵਿਸ਼ੇਸ਼ ਅਧਿਕਾਰ ਦੇ ਮਾਮਲੇ ਸਬੰਧੀ ਵਿਸ਼ੇਸ਼ ਅਧਿਕਾਰ ਕਮੇਟੀ ਦੀ ਰਿਪੋਰਟ ਪੇਸ਼ ਕੀਤੀ। ਰਿਪੋਰਟ ਪੇਸ਼ ਕਰਦੇ ਹੋਏ ਸਭਾਪਤੀ 04 ਮਿੰਟ ਲਈ ਬੋਲੇ। ਉਨ੍ਹਾਂ ਵਲੋਂ ਇਹ ਵੀ ਬੇਨਤੀ ਕੀਤੀ ਗਈ ਕਿ ਸਦਨ ਇਸ ਰਿਪੋਰਟ ਨੂੰ ਸਰਬਸੰਮਤੀ ਨਾਲ ਪ੍ਰਵਾਨ ਕਰੇ, ਅਪਨਾਏ ਅਤੇ ਇਸ ਦੀਆਂ ਸਿਫਾਰਸ਼ਾਂ ਨਾਲ ਸਹਿਮਤੀ ਪ੍ਰਗਟ ਕਰੇ।

ਸ੍ਰੀ ਬ੍ਰਹਮ ਮਹਿੰਦਰਾ, ਸੰਸਦੀ ਮਾਮਲੇ ਮੰਤਰੀ ਦੁਆਰਾ ਪੇਸ਼ ਕੀਤਾ ਗਿਆ ਨਿਮਨਲਿਖਤ ਮਤਾ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ :-

> "ਇਹ ਸਦਨ ਸਰਦਾਰ ਕੁਲਬੀਰ ਸਿੰਘ ਜ਼ੀਰਾ, ਐਮ.ਐਲ.ਏ. ਵੱਲੋਂ ਪਰਮਿੰਦਰ ਸਿੰਘ ਬਰਿਆਣਾ, ਪੰਜਾਬੀ ਮਾਸਟਰ, ਗੌਰਮਿੰਟ ਹਾਈ ਸਕੂਲ, ਨੰਗਲ ਈਸ਼ਰ ਵਿਰੁੱਧ ਵਿਸ਼ੇਸ਼ ਅਧਿਕਾਰ ਦੀ ਉਲੰਘਣਾ ਸਬੰਧੀ ਦਿੱਤੇ ਪ੍ਰਸ਼ਨ ਤੇ ਵਿਸ਼ੇਸ਼ ਅਧਿਕਾਰ ਕਮੇਟੀ ਵੱਲੋਂ ਪੇਸ਼ ਕੀਤੀ ਗਈ ਰਿਪੋਰਟ ਨੂੰ ਸਰਬਸੰਮਤੀ ਨਾਲ ਪ੍ਰਵਾਨ ਕਰਦਾ ਹੈ, ਅਪਨਾਉਂਦਾ ਹੈ ਅਤੇ ਇਸ ਦੀਆਂ ਸਿਫਾਰਸ਼ਾਂ ਨਾਲ ਸਹਿਮਤੀ ਪ੍ਰਗਟ ਕਰਦਾ ਹੈ।"

ਨਿਮਨਲਿਖਤ ਮੈਂਬਰ ਸਾਹਿਬਾਨ ਨੇ ਪ੍ਰਸਤਾਵ ਤੇ ਹੋਈ ਬਹਿਸ ਵਿੱਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ -

| | | |
|---|---|---|
| 1. | ਸਰਦਾਰ ਸਿਮਰਜੀਤ ਸਿੰਘ ਬੈਂਸ, ਮੈਂਬਰ ਲੋਕ ਇਨਸਾਫ਼ ਪਾਰਟੀ | 02 ਮਿੰਟ |
| 2. | ਡਾਕਟਰ ਸੁਖਵਿੰਦਰ ਕੁਮਾਰ, ਸ਼੍ਰੋਮਣੀ ਅਕਾਲੀ ਦਲ | 02 ਮਿੰਟ |
| 3. | ਸ਼੍ਰੀ ਅਮਰਿੰਦਰ ਸਿੰਘ ਰਾਜਾ ਵੜਿੰਗ, ਸਲਾਹਕਾਰ/ਮੁੱਖ ਮੰਤਰੀ | 01 ਮਿੰਟ |

2. ਵਿਸ਼ੇਸ਼ ਅਧਿਕਾਰ ਕਮੇਟੀ ਦੇ ਸਭਾਪਤੀ (ਸਰਦਾਰ ਕੁਸ਼ਲਦੀਪ ਸਿੰਘ ਢਿਲੋਂ) ਨੇ ਵਿਸ਼ੇਸ਼ ਅਧਿਕਾਰ ਦੇ ਮਾਮਲਿਆਂ ਸਬੰਧੀ ਨਿਮਨਲਿਖਤ ਦੁਆਰਾ ਉਠਾਏ ਗਏ ਮਾਮਲਿਆਂ ਤੇ ਚੌਥੀ/ਪੰਜਵੀ/ਛੇਵੀ ਅੰਤਰਿਮ ਰਿਪੋਰਟਾਂ ਪੇਸ਼ ਕੀਤੀਆਂ:-

i) ਸ਼੍ਰੀ ਬ੍ਰਹਮ ਮਹਿੰਦਰਾ, ਸੰਸਦੀ ਮਾਮਲੇ ਮੰਤਰੀ, ਪੰਜਾਬ, ਦੁਆਰਾ ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵਿਰੁੱਧ;

ii) ਸ਼੍ਰੀ ਬ੍ਰਹਮ ਮਹਿੰਦਰਾ, ਸੰਸਦੀ ਮਾਮਲੇ ਮੰਤਰੀ, ਪੰਜਾਬ, ਦੁਆਰਾ ਸਰਦਾਰ ਸੁਖਪਾਲ ਸਿੰਘ ਖਹਿਰਾ, ਐਮ.ਐਲ.ਏ. ਦੇ ਵਿਰੁੱਧ;

iii) ਸ਼੍ਰੀ ਬ੍ਰਹਮ ਮਹਿੰਦਰਾ, ਸੰਸਦੀ ਮਾਮਲੇ ਮੰਤਰੀ, ਪੰਜਾਬ, ਦੁਆਰਾ ਸਰਦਾਰ ਸੁਖਪਾਲ ਸਿੰਘ ਖਹਿਰਾ, ਐਮ.ਐਲ.ਏ. ਦੇ ਵਿਰੁੱਧ;

iv) ਸਰਦਾਰ ਕੁਲਬੀਰ ਸਿੰਘ ਜ਼ੀਰਾ, ਐਮ.ਐਲ.ਏ., ਦੁਆਰਾ ਸਰਦਾਰ ਸਿਮਰਜੀਤ ਸਿੰਘ ਬੈਂਸ, ਐਮ.ਐਲ.ਏ. ਦੇ ਵਿਰੁੱਧ; ਅਤੇ

v) ਸ਼੍ਰੀ ਬ੍ਰਹਮ ਮਹਿੰਦਰਾ, ਸੰਸਦੀ ਮਾਮਲੇ ਮੰਤਰੀ, ਪੰਜਾਬ, ਦੁਆਰਾ ਸ਼੍ਰੀ ਪਵਨ ਕੁਮਾਰ ਟੀਨੂੰ, ਐਮ.ਐਲ.ਏ. ਦੇ ਵਿਰੁੱਧ।

10. <u>ਵਾਕ ਆਊਟ</u>

ਸ਼੍ਰੋਮਣੀ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ ਦੇ ਸਦਨ ਵਿੱਚ ਹਾਜ਼ਰ ਮੈਂਬਰ ਸਰਦਾਰ ਕੁਲਬੀਰ ਸਿੰਘ ਜ਼ੀਰਾ, ਐਮ.ਐਲ.ਏ. ਵੱਲੋਂ ਪਰਮਿੰਦਰ ਸਿੰਘ ਬਰਿਆਣਾ, ਪੰਜਾਬੀ ਮਾਸਟਰ, ਗੌਰਮਿੰਟ ਹਾਈ ਸਕੂਲ, ਨੰਗਲ ਈਸ਼ਰ ਵਿਰੁੱਧ ਵਿਸ਼ੇਸ਼ ਅਧਿਕਾਰ ਦੀ ਉਲੰਘਣਾ ਸਬੰਧੀ ਦਿੱਤੇ ਪ੍ਰਸ਼ਨ ਤੇ ਵਿਸ਼ੇਸ਼ ਅਧਿਕਾਰ ਕਮੇਟੀ ਵੱਲੋਂ ਪੇਸ਼ ਕੀਤੀ ਗਈ ਰਿਪੋਰਟ ਦੇ ਵਿਰੋਧ ਵਿੱਚ ਸਦਨ ਵਿਚੋਂ ਨਾਅਰੇ ਲਗਾਉਂਦੇ ਹੋਏ ਵਾਕ ਆਊਟ ਕਰ ਗਏ।

11. <u>ਮਾਨਯੋਗ ਸਪੀਕਰ ਵੱਲੋਂ ਸਵਾਗਤੀ ਐਲਾਨ</u>

ਮਾਨਯੋਗ ਸਪੀਕਰ ਵੱਲੋਂ ਸਰਦਾਰ ਭਗਵੰਤ ਸਿੰਘ ਮਾਨ, ਮੈਂਬਰ ਪਾਰਲੀਮੈਂਟ ਦੇ ਸਦਨ ਵਿੱਚ ਹਾਜ਼ਰ ਹੋਣ ਬਾਰੇ ਸਦਨ ਨੂੰ ਜਾਣੂੰ ਕਰਵਾਇਆ ਗਿਆ ਅਤੇ ਸਮੂਹ ਸਦਨ ਵੱਲੋਂ ਉਨ੍ਹਾਂ ਨੂੰ ਜੀ ਆਇਆਂ ਕਿਹਾ ਗਿਆ।

12. <u>ਵਿਧਾਨਕ ਕੰਮ-ਕਾਰ</u>

1. <u>ਪੰਜਾਬ ਕਾਰੋਬਾਰ ਦਾ ਅਧਿਕਾਰ ਬਿਲ, 2020</u>

ਉਦਯੋਗ ਅਤੇ ਵਣਜ ਮੰਤਰੀ ਨੇ ਪੰਜਾਬ ਕਾਰੋਬਾਰ ਦਾ ਅਧਿਕਾਰ ਬਿਲ, 2020 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਨਿਮਨਲਿਖਤ ਮੈਂਬਰਾਂ ਨੇ ਬਿਲ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸ਼੍ਰੀ ਅਮਨ ਅਰੋੜਾ, ਆਮ ਆਦਮੀ ਪਾਰਟੀ | 04 ਮਿੰਟ |
| 2. | ਸਰਦਾਰ ਕੁਲਤਾਰ ਸਿੰਘ ਸੰਧਵਾਂ, ਆਮ ਆਦਮੀ ਪਾਰਟੀ | 01 ਮਿੰਟ |

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੋਂ 19 ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਉਦਯੋਗ ਅਤੇ ਵਣਜ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ ਕਿ " ਪੰਜਾਬ ਕਾਰੋਬਾਰ ਦਾ ਅਧਿਕਾਰ ਬਿਲ, 2020 " ਪਾਸ ਕੀਤਾ ਜਾਵੇ, ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਸ਼੍ਰੀ ਸੁੰਦਰ ਸ਼ਾਮ ਅਰੋੜਾ, ਉਦਯੋਗ ਅਤੇ ਵਣਜ ਮੰਤਰੀ ਬਿਲ ਤੇ ਹੋਈ ਬਹਿਸ ਦਾ ਜਵਾਬ ਦਿੰਦੇ ਹੋਏ 02 ਮਿੰਟ ਲਈ ਬੋਲੇ।

2. ਪੰਜਾਬ ਜਲ ਸਰੋਤ (ਪ੍ਰਬੰਧਨ ਅਤੇ ਵਿਨਿਯਮ) ਬਿਲ, 2020

ਜਲ ਸਰੋਤ ਮੰਤਰੀ ਨੇ ਪੰਜਾਬ ਜਲ ਸਰੋਤ (ਪ੍ਰਬੰਧਨ ਅਤੇ ਵਿਨਿਯਮ) ਬਿਲ, 2020 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

ਨਿਮਨਲਿਖਤ ਮੈਂਬਰਾਂ ਨੇ ਬਿਲ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸ਼੍ਰੀ ਅਮਨ ਅਰੋੜਾ, ਆਮ ਆਦਮੀ ਪਾਰਟੀ | 02 ਮਿੰਟ |
| 2. | ਸਰਦਾਰ ਗੁਰਪ੍ਰਤਾਪ ਸਿੰਘ ਵਡਾਲਾ, ਸ਼੍ਰੋਮਣੀ ਅਕਾਲੀ ਦਲ | 04 ਮਿੰਟ |
| 3. | ਸ਼੍ਰੀ ਬੁੱਧ ਰਾਮ, ਆਮ ਆਦਮੀ ਪਾਰਟੀ | 01 ਮਿੰਟ |
| 4. | ਸਰਦਾਰ ਸਿਮਰਜੀਤ ਸਿੰਘ ਬੈਂਸ, ਲੋਕ ਇਨਸਾਫ਼ ਪਾਰਟੀ | 04 ਮਿੰਟ |
| 5. | ਸਰਦਾਰ ਹਰਿੰਦਰਪਾਲ ਸਿੰਘ ਚੰਦੂਮਾਜਰਾ, ਸ਼੍ਰੋਮਣੀ ਅਕਾਲੀ ਦਲ | 03 ਮਿੰਟ |
| 6. | ਸਰਦਾਰ ਹਰਪਾਲ ਸਿੰਘ ਚੀਮਾ, ਵਿਰੋਧੀ ਧਿਰ ਦੇ ਨੇਤਾ | 02 ਮਿੰਟ |
| 7. | ਸਰਦਾਰ ਦਿਲਰਾਜ ਸਿੰਘ ਭੂੰਦੜ, ਸ਼੍ਰੋਮਣੀ ਅਕਾਲੀ ਦਲ | 01 ਮਿੰਟ |
| 8. | ਸਰਦਾਰ ਕੁਲਤਾਰ ਸਿੰਘ ਸੰਧਵਾਂ, ਆਮ ਆਦਮੀ ਪਾਰਟੀ | 03 ਮਿੰਟ |
| 9. | ਸ਼੍ਰੀ ਪਵਨ ਕੁਮਾਰ ਟੀਨੂ, ਸ਼੍ਰੋਮਣੀ ਅਕਾਲੀ ਦਲ | 04 ਮਿੰਟ |

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀਆਂ ਸਬ-ਕਲਾਜ਼ਾਂ (2 ਤੇ 3), ਕਲਾਜ਼ਾਂ 2 ਤੋਂ 39 ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਏ।

ਜਲ ਸਰੋਤ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ ਕਿ "ਪੰਜਾਬ ਜਲ ਸਰੋਤ (ਪ੍ਰਬੰਧਨ ਅਤੇ ਵਿਨਿਯਮ) ਬਿਲ, 2020" ਪਾਸ ਕੀਤਾ ਜਾਵੇ, ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

ਮਾਨਯੋਗ ਮੁੱਖ ਮੰਤਰੀ ਬਹਿਸ ਵਿੱਚ ਹਿੱਸਾ ਲੈਂਦੇ ਸਮੇਂ 03 ਮਿੰਟ ਲਈ ਬੋਲੇ।

ਸਰਦਾਰ ਸੁਖਬਿੰਦਰ ਸਿੰਘ ਸਰਕਾਰੀਆ, ਜਲ ਸਰੋਤ ਮੰਤਰੀ ਬਿਲ ਤੇ ਹੋਈ ਬਹਿਸ ਦਾ ਜਵਾਬ ਦਿੰਦੇ ਹੋਏ 03 ਮਿੰਟ ਲਈ ਬੋਲੇ।

3. ਪੰਜਾਬ ਮਾਲ ਅਤੇ ਸੇਵਾਵਾਂ ਕਰ (ਸੋਧਨਾ) ਬਿਲ, 2020

ਵਿੱਤ ਮੰਤਰੀ ਨੇ ਪੰਜਾਬ ਮਾਲ ਅਤੇ ਸੇਵਾਵਾਂ ਕਰ (ਸੋਧਨਾ) ਬਿਲ, 2020 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਸਰਦਾਰ ਕੁਲਤਾਰ ਸਿੰਘ ਸੰਧਵਾਂ, ਮੈਂਬਰ, ਆਮ ਆਦਮੀ ਪਾਰਟੀ ਨੇ ਬਿਲ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ 02 ਮਿੰਟ ਲਈ ਬੋਲੇ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੋਂ 22 ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਵਿੱਤ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ ਕਿ "ਪੰਜਾਬ ਮਾਲ ਅਤੇ ਸੇਵਾਵਾਂ ਕਰ (ਸੋਧਨਾ) ਬਿਲ, 2020" ਪਾਸ ਕੀਤਾ ਜਾਵੇ, ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਸਰਦਾਰ ਮਨਪ੍ਰੀਤ ਸਿੰਘ ਬਾਦਲ, ਵਿੱਤ ਮੰਤਰੀ ਬਿਲ ਤੇ ਹੋਈ ਬਹਿਸ ਦਾ ਜਵਾਬ ਦਿੰਦੇ ਹੋਏ 02 ਮਿੰਟ ਲਈ ਬੋਲੇ।

13. ਵਾਕ ਆਊਟ

ਲੋਕ ਇਨਸਾਫ਼ ਪਾਰਟੀ ਦੇ ਸਦਨ ਵਿੱਚ ਹਾਜ਼ਰ ਦੋਨੋਂ ਮੈਂਬਰਜ਼ ਸਰਦਾਰ ਬਲਵਿੰਦਰ ਸਿੰਘ ਬੈਂਸ ਅਤੇ ਸਰਦਾਰ ਸਿਮਰਜੀਤ ਸਿੰਘ ਬੈਂਸ ਸਰਕਾਰ ਵਲੋਂ ਰਾਜਸਥਾਨ ਤੋਂ ਪਾਣੀ ਦੇ 16 ਲੱਖ ਕਰੋੜ ਰੁਪਏ ਦੀ ਕੀਮਤ ਵਸੂਲ ਨਾ ਕਰਨ ਦੇ ਰੋਸ ਵਜੋਂ ਨਾਅਰੇ ਮਾਰਦੇ ਹੋਏ ਸਦਨ ਵਿਚੋਂ ਵਾਕ ਆਊਟ ਕਰ ਗਏ।

14. ## ਸਰਕਾਰੀ ਮਤਾ

ਸ਼੍ਰੀ ਬ੍ਰਹਮ ਮਹਿੰਦਰਾ, ਸੰਸਦੀ ਮਾਮਲੇ ਮੰਤਰੀਂ ਦੁਆਰਾ ਪੇਸ਼ ਕੀਤਾ ਗਿਆ ਨਿਮਨਲਿਖਤ ਮਤਾ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ :-

"ਸੰਸਦ ਦੁਆਰਾ ਨਾਗਰਿਕਤਾ (ਸੋਧਨਾ) ਐਕਟ, 2019 (ਸੀ.ਏ.ਏ) ਕਾਨੂੰਨ ਬਣਾਉਣ ਦੇ ਕਾਰਣ ਦੇਸ਼ ਭਰ ਵਿੱਚ ਵਿਆਪਕ ਤੌਰ ਤੇ ਵਿਰੋਧ ਦੇ ਨਾਲ-ਨਾਲ ਦੇਸ਼ ਵਿਆਪੀ ਗੁੱਸਾ ਅਤੇ ਸਮਾਜਿਕ ਅਰਾਜਕਤਾ ਫੈਲ ਗਈ ਹੈ। ਪੰਜਾਬ ਰਾਜ ਨੇ ਵੀ ਇਸ ਕਾਨੂੰਨ ਦੇ ਵਿਰੁੱਧ ਗਵਾਹੀ ਭਰੀ, ਜਿਸ ਵਿੱਚ ਸਮਾਜ ਦੇ ਸਾਰੇ ਫਿਰਕਿਆਂ ਨੇ ਇਸ ਵਿਰੁੱਧ ਲਾਮਬੰਦ ਹੋਕੇ ਸ਼ਾਂਤਮਈ ਢੰਗ ਨਾਲ ਮੁਜ਼ਾਹਰੇ ਕੀਤੇ।

ਸੀ.ਏ.ਏ ਧਰਮ ਨਿਰਪੱਖਤਾ ਦੇ ਢਾਂਚੇ ਨੂੰ ਅਸਵੀਕਾਰ ਕਰਨ ਦੀ ਮੰਗ ਕਰਦਾ ਹੈ ਜਿਸ ਉੱਤੇ ਸਾਡੇ ਭਾਰਤ ਦਾ ਸੰਵਿਧਾਨ ਅਧਾਰਿਤ ਹੈ। ਇਹ ਵੱਖਰੇਵਾਂ ਪੈਦਾ ਕਰਦਾ ਹੈ ਅਤੇ ਇੱਕ ਸੁਤੰਤਰ ਅਤੇ ਨਿਰਪੱਖ ਲੋਕਤੰਤਰ ਦੇ ਵਿਰੁੱਧ ਹੋਣ ਦੀ ਹਾਮੀ ਭਰਦਾ ਹੈ ਜੋ ਕਿ ਸਾਰਿਆਂ ਨੂੰ ਸਮਾਨਤਾ ਨਾਲ ਜੋੜ ਕੇ ਰੱਖਣ ਵਾਲਾ ਹੋਣਾ ਚਾਹੀਦਾ ਹੈ। ਇਸਦੇ ਨਾਲ-ਨਾਲ ਨਾਗਰਿਕਤਾ ਦੇਣ ਵਿੱਚ ਧਰਮ ਦੇ ਅਧਾਰ ਤੇ ਵਿਤਕਰਾ ਕਰਦਾ ਹੈ। ਇਸ ਦਾ ਇਹ ਖਦਸ਼ਾ ਹੈ ਕਿ ਸੀ.ਏ.ਏ ਸਾਡੇ ਲੋਕਾਂ ਦੇ ਕੁੱਝ ਵਰਗਾਂ ਦੀ ਭਾਸ਼ਾਈ ਅਤੇ ਸੱਭਿਆਚਾਰਕ ਪਛਾਣ ਖਤਮ ਹੋਣ ਦੀ ਸੰਭਾਵਨਾ ਵੀ ਪੈਦਾ ਕਰਦਾ ਹੈ। ਸੀ.ਏ.ਏ ਭਾਰਤ ਦੇ ਵਿਦੇਸ਼ੀ ਨਾਗਰਿਕ ਕਾਰਡ ਧਾਰਕਾਂ ਦੀ ਰਜਿਸਟਰੇਸ਼ਨ ਰੱਦ ਕਰਨ ਸਬੰਧੀ ਵੀ ਵਿਚਾਰ ਕਰਦਾ ਹੈ, ਜੇਕਰ ਉਹ ਕਿਸੇ ਕਾਨੂੰਨ ਦੀ ਉਲੰਘਣਾ ਕਰਦੇ ਹੋਣ।

ਸੀ.ਏ.ਏ ਦਾ ਉਦੇਸ਼ ਧਰਮ ਦੇ ਆਧਾਰ ਤੇ ਪਰਵਾਸੀਆਂ ਵਿੱਚ ਵਖਰੇਵਾਂ ਪੈਦਾ ਕਰਨਾ ਹੈ, ਜਿਹੜਾ ਕਿ ਸੰਵਿਧਾਨ ਅਧੀਨ ਪ੍ਰਵਾਨ ਨਹੀਂ ਹੈ। ਇਹ ਸੰਵਿਧਾਨ ਦੇ ਅਨੁਛੇਦ 14 ਦੀ ਉਲੰਘਣਾ ਵੀ ਹੈ, ਜਿਹੜਾ ਕਿ ਸਾਰੇ ਵਿਅਕਤੀਆਂ ਨੂੰ ਕਾਨੂੰਨ ਅਧੀਨ ਸਮਾਨਤਾ ਦਾ ਅਧਿਕਾਰ ਅਤੇ ਬਰਾਬਰਤਾ ਦੀ ਸੁਰੱਖਿਆ ਦੀ ਗਾਰੰਟੀ ਦਿੰਦਾ ਹੈ।

ਸੀ.ਏ.ਏ ਹਿੰਦੂਆਂ, ਸਿੱਖਾਂ, ਬੋਧੀਆਂ, ਜੈਨੀਆਂ, ਪਾਰਸੀਆਂ ਅਤੇ ਇਸਾਈਆਂ ਜੋ 31 ਦਸੰਬਰ, 2014 ਤੋਂ ਪਹਿਲਾਂ ਭਾਰਤ ਵਿੱਚ ਪ੍ਰਵਾਸ ਕਰ ਗਏ ਸਨ, ਨੂੰ ਨਾਗਰਿਕਤਾ ਦੇਣ ਦੀ ਵਿਵਸਥਾ ਕਰਦਾ ਹੈ, ਪ੍ਰੰਤੂ ਮੁਸਲਿਮ ਭਾਈਚਾਰੇ ਦੇ ਮੈਂਬਰਾਂ ਅਤੇ ਦੂਸਰੇ ਹੋਰ ਜਿਵੇਂ ਕਿ ਯਹੂਦੀਆਂ ਨੂੰ ਨਹੀਂ। ਸੀ.ਏ.ਏ ਦੇ ਪਿੱਛੇ ਵਿਚਾਰਧਾਰਾ ਸੁਭਾਵਕ ਤੌਰ ਤੇ ਪੱਖਪਾਤੀ ਅਤੇ ਮਨੁੱਖਤਾਵਾਦ ਤੋਂ ਬਹੁਤ ਦੂਰ ਹੈ।

ਇਨ੍ਹਾਂ ਤੱਥਾਂ ਦੇ ਪਿਛੋਕੜ ਵਿਚ, ਇਹ ਸੱਪਸ਼ਟ ਹੈ ਕਿ ਸੀ.ਏ.ਏ ਭਾਰਤ ਦੀ ਧਰਮ ਨਿਰਪੱਖ ਪਛਾਣ ਜੋ ਕਿ ਸਾਡੇ ਸੰਵਿਧਾਨ ਦੀ ਮੂਲ ਵਿਸ਼ੇਸ਼ਤਾ ਹੈ, ਦੀ ਉਲੰਘਣਾ ਕਰਦਾ ਹੈ। ਇਸ ਲਈ ਇਹ ਸਦਨ ਭਾਰਤ ਸਰਕਾਰ ਨੂੰ ਬਿਨਾ ਕਿਸੇ ਭੇਦ-ਭਾਵ ਤੋਂ ਧਰਮ ਦੇ ਆਧਾਰ ਤੇ ਨਾਗਰਿਕਤਾ ਪ੍ਰਦਾਨ ਕਰਨ ਲਈ ਅਤੇ ਭਾਰਤ ਵਿਚ ਸਾਰੇ ਧਾਰਮਿਕ ਗਰੁੱਪਾਂ ਲਈ ਕਾਨੂੰਨ ਦੇ ਸਨਮੁੱਖ ਸਮਾਨਤਾ ਬਣਾਏ ਰੱਖਣ ਨੂੰ ਯਕੀਨੀ ਬਣਾਉਣ ਲਈ ਸੀ.ਏ.ਏ ਨੂੰ ਮਨਸੂਖ ਕਰਨ ਲਈ ਅਨੁਰੋਧ ਕਰਨ ਦਾ ਮਤਾ ਪਕਾਉਂਦਾ ਹੈ।

ਨੈਸ਼ਨਲ ਰਜਿਸਟਰ ਆਫ ਸਿਟੀਜ਼ਨ (ਐਨ.ਆਰ.ਸੀ) ਸਬੰਧੀ ਪੈਦਾ ਹੋਏ ਡਰ ਕਿ ਨੈਸ਼ਨਲ ਪਾਪੂਲੇਸ਼ਨ ਰਜਿਸਟਰ ਵਿਅਕਤੀਆਂ ਦੇ ਇਕ ਵਰਗ ਨੂੰ ਭਾਰਤੀ ਨਾਗਰਿਕਤਾ ਤੋਂ ਵਾਂਝੇ ਕਰਨ ਲਈ ਤਿਆਰ ਕੀਤੇ ਐਨ.ਆਰ.ਸੀ ਦੇ ਰੂਪ ਵਿੱਚ ਇੱਕ ਸ਼ੁਰੂਆਤੀ ਕਦਮ ਅਤੇ ਸੀ.ਏ.ਏ ਨੂੰ ਲਾਗੂ ਕਰਨਾ ਹੈ। ਇਹ ਸਦਨ ਹੋਰ ਮਤਾ ਪਕਾਉਂਦਾ ਹੈ ਕਿ ਕੇਂਦਰ ਸਰਕਾਰ ਨੂੰ ਲੋਕਾਂ ਦੇ ਦਿਮਾਗ ਵਿੱਚ ਅਜਿਹੇ ਖਦਸ਼ੇ ਨੂੰ ਘੱਟ ਕਰਨ ਲਈ ਐਨ.ਪੀ.ਆਰ ਨਾਲ ਸਬੰਧਤ ਫਾਰਮ/ਦਸਤਾਵੇਜ਼ਾਂ ਦੀ ਸੋਧ ਕਰਨੀ ਚਾਹੀਦੀ ਹੈ ਅਤੇ ਇਸ ਤੋਂ ਬਾਅਦ ਹੀ ਐਨ.ਪੀ.ਆਰ ਅਧੀਨ ਗਣਨਾ ਦਾ ਕੰਮ ਕਰਨਾ ਚਾਹੀਦਾ ਹੈ।"

ਮਤੇ ਤੇ ਹੋਈ ਬਹਿਸ ਤੇ ਨਿਮਨਲਿਖਤ ਮੈਂਬਰ ਸਾਹਿਬਾਨ ਨੇ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:-

| | | |
|---|---|---|
| 1. | ਸਰਦਾਰ ਮਨਪ੍ਰੀਤ ਸਿੰਘ ਬਾਦਲ, ਵਿੱਤ ਮੰਤਰੀ | 25 ਮਿੰਟ |
| 2. | ਸਰਦਾਰ ਚਰਨਜੀਤ ਸਿੰਘ ਚੰਨੀ, ਤਕਨੀਕੀ ਸਿੱਖਿਆ ਮੰਤਰੀ | 20 ਮਿੰਟ |
| 3. | ਸ਼੍ਰੀ ਅਮਨ ਅਰੋੜਾ, ਆਮ ਆਦਮੀ ਪਾਰਟੀ | 0੪ ਮਿੰਟ |
| 4. | ਸਰਦਾਰ ਸ਼ਰਨਜੀਤ ਸਿੰਘ ਢਿੱਲੋਂ, ਸ਼੍ਰੋਮਣੀ ਅਕਾਲੀ ਦਲ | 02 ਮਿੰਟ |
| 4. | ਸ਼੍ਰੀ ਅਰੁਣ ਨਾਰੰਗ, ਭਾਰਤੀ ਜਨਤਾ ਪਾਰਟੀ | 03 ਮਿੰਟ |
| 5. | ਡਾਕਟਰ ਰਾਜ ਕੁਮਾਰ ਵੇਰਕਾ, ਇੰਡੀਅਨ ਨੈਸ਼ਨਲ ਕਾਂਗਰਸ | 06 ਮਿੰਟ |
| 6. | ਸਰਦਾਰ ਕੁਲਤਾਰ ਸਿੰਘ ਸੰਧਵਾ,ਆਮ ਆਦਮੀ ਪਾਰਟੀ | 0੪ ਮਿੰਟ |

| | | |
|---|---|---|
| 7. | ਸ੍ਰੀ ਪਵਨ ਕੁਮਾਰ ਟੀਨੂ, ਸ਼੍ਰੋਮਣੀ ਅਕਾਲੀ ਦਲ | 06 ਮਿੰਟ |
| 8. | ਸਰਦਾਰ ਸਿਮਰਜੀਤ ਸਿੰਘ ਬੈਂਸ, ਲੋਕ ਇਨਸਾਫ਼ ਪਾਰਟੀ | 05 ਮਿੰਟ |
| 9. | ਸਰਦਾਰ ਬਿਕਰਮ ਸਿੰਘ ਮਜੀਠੀਆ, ਸ਼੍ਰੋਮਣੀ ਅਕਾਲੀ ਦਲ | 13 ਮਿੰਟ |
| 10. | ਸਰਦਾਰ ਰਣਦੀਪ ਸਿੰਘ, ਇੰਡੀਅਨ ਨੈਸ਼ਨਲ ਕਾਂਗਰਸ | 11 ਮਿੰਟ |
| 11. | ਸ੍ਰੀਮਤੀ ਰਜ਼ੀਆ ਸੁਲਤਾਨਾ, ਟਰਾਂਸਪੋਰਟ ਮੰਤਰੀ | 10 ਮਿੰਟ |
| 13. | ਸਰਦਾਰ ਹਰਪਾਲ ਸਿੰਘ ਚੀਮਾ, ਵਿਰੋਧੀ ਧਿਰ ਦੇ ਨੇਤਾ | 10 ਮਿੰਟ |
| 14. | ਸ੍ਰੀ ਅਮਰਿੰਦਰ ਸਿੰਘ ਰਾਜਾ ਵੜਿੰਗ, ਸਲਾਹਕਾਰ/ਮੁੱਖ ਮੰਤਰੀ | 24 ਮਿੰਟ |

ਕੈਪਟਨ ਅਮਰਿੰਦਰ ਸਿੰਘ, ਮਾਨਯੋਗ ਮੁੱਖ ਮੰਤਰੀ ਮਤੇ ਤੇ ਹੋਈ ਬਹਿਸ ਦਾ ਜਵਾਬ ਦਿੰਦੇ ਹੋਏ 18 ਮਿੰਟ ਲਈ ਬੋਲੇ।

15. **ਮਾਨਯੋਗ ਸਪੀਕਰ ਵੱਲੋਂ ਸਵਾਗਤੀ ਐਲਾਨ**

ਮਾਨਯੋਗ ਸਪੀਕਰ ਵੱਲੋਂ ਸਰਦਾਰ ਅਮਰ ਸਿੰਘ, ਮੈਂਬਰ ਪਾਰਲੀਮੈਂਟ, ਲੋਕ ਸਭਾ ਦੇ ਸਦਨ ਵਿੱਚ ਹਾਜ਼ਰ ਹੋਣ ਬਾਰੇ ਸਦਨ ਨੂੰ ਜਾਣੂੰ ਕਰਵਾਇਆ ਗਿਆ ਅਤੇ ਸਮੂਹ ਸਦਨ ਵੱਲੋਂ ਉਨ੍ਹਾਂ ਨੂੰ ਜੀ ਆਇਆਂ ਕਿਹਾ ਗਿਆ।

16. **ਸਦਨ ਦਾ ਸਮਾਂ ਵਧਾਉਣਾ**

ਮਾਨਯੋਗ ਸਪੀਕਰ ਵੱਲੋਂ ਸਦਨ ਦੀ ਸਹਿਮਤੀ ਨਾਲ ਅੱਜ ਦੀ ਬੈਠਕ ਦਾ ਸਮਾਂ ਅੱਜ ਦੀ ਕਾਰਜਸੂਚੀ ਵਿੱਚ ਦਰਸਾਏ ਬਿਜ਼ਨਸ ਦੇ ਖਤਮ ਹੋਣ ਤੱਕ ਵਧਾਇਆ ਗਿਆ।

17. **ਭਾਰਤ ਦੇ ਸੰਵਿਧਾਨ ਦੇ ਅਨੁਛੇਦ 368 ਅਧੀਨ ਮਤਾ**

ਮੁੱਖ ਮੰਤਰੀ ਨੇ ਹੇਠ ਲਿਖਿਆ ਮਤਾ ਸਦਨ ਵਿਚ ਪੇਸ਼ ਕੀਤਾ,ਜੋ ਸਦਨ ਵਲੋਂ ਸਰਬਸੰਮਤੀ ਨਾਲ ਪ੍ਰਵਾਨ ਕੀਤਾ ਗਿਆ:-

> "ਇਹ ਸਦਨ ਅਨੁਛੇਦ 368 ਦੀ ਕਲਾਜ਼ (2) ਦੀ ਸ਼ਰਤੀ ਧਾਰਾ ਦੀ ਕਲਾਜ਼ (ਸ) ਦੇ ਉਪਬੰਧ ਅਧੀਨ ਆਉਦੀਆਂ ਭਾਰਤ ਦੇ ਸੰਵਿਧਾਨ ਦੀਆ ਸੋਧਾਂ, ਸੰਵਿਧਾਨ (126ਵੀਂ ਸੋਧਨਾ) ਬਿਲ, 2019 ਦੁਆਰਾ ਕੀਤੀਆਂ ਜਾਣੀਆਂ ਤਜਵੀਜ਼ਤ ਹਨ, ਜਿਵੇਂ ਕਿ ਸੰਸਦ ਦੇ ਦੋਵੇ ਸਦਨਾਂ ਦੁਆਰਾ ਪਾਸ ਕੀਤੀਆਂ ਗਈਆਂ ਹਨ, ਦੀ ਪੁਸ਼ਟੀ ਕਰਦਾ ਹੈ।"

ਮਤਾ ਪੇਸ਼ ਕਰਦੇ ਹੋਏ ਮੁੱਖ ਮੰਤਰੀ 04 ਮਿੰਟ ਲਈ ਬੋਲੇ।

ਇਸ ਉਪਰੰਤ ਸਦਨ ਅਣਮਿੱਥੇ ਸਮੇਂ ਲਈ ਸਥਗਿਤ ਹੋ ਗਿਆ।

ਸ਼ਸ਼ੀ ਲਖਨਪਾਲ ਮਿਸ਼ਰਾ,
ਸਕੱਤਰ ।

ਚੰਡੀਗੜ੍ਹ
17 ਜਨਵਰੀ, 2020